Dispatch No. I/28096/2020

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

## ਸਮਾਰਟ ਰਾਸ਼ਨ ਕਾਰਡ ਧਾਰਕਾਂ ਨੂੰ ਪਿੰਡ ਰਾਮੇਆਣਾ ਵਿਖੇ ਮੁਫਤ ਰਾਸ਼ਨ ਦੀ ਵੰਡ

### ਗਰੀਬ ਕਲਿਆਣ ਅੰਨ ਯੋਜਨਾ ਸਕੀਮ ਅਧੀਨ 15 ਕਿਲੋ ਪ੍ਰਤੀ ਜੀਅ ਅਤੇ 3 ਕਿੱਲੋ ਦਾਲ ਪ੍ਰਤੀ ਪਰਿਵਾਰ ਦੇ ਹਿਸਾਬ ਨਾਲ 3 ਮਹੀਨੇ ਦਾ ਦਿੱਤਾ ਗਿਆ ਮੁਫਤ ਰਾਸ਼ਨ

ਜੈਤੋ/ਫਰੀਦਕੋਟ 27 ਮਈ,2020 ( ) ਪੰਜਾਬ ਸਰਕਾਰ ਵੱਲੋਂ ਗਰੀਬ ਕਲਿਆਣ ਅੰਨ ਯੋਜਨਾ ਸਕੀਮ ਅਧੀਨ ਸਮਾਰਟ ਰਾਸ਼ਨ ਕਾਰਡ ਧਾਰਕਾਂ ਨੂੰ 15 ਕਿਲੋ ਪ੍ਰਤੀ ਜੀਅ ਅਤੇ 3 ਕਿੱਲੋ ਦਾਲ ਪ੍ਰਤੀ ਪਰਿਵਾਰ ਦੇ ਹਿਸਾਬ ਨਾਲ 3 ਮਹੀਨੇ ਦਾ ਮੁਫਤ ਰਾਸ਼ਨ ਦਿੱਤਾ ਜਾ ਰਿਹਾ ਹੈ। ਇਸ ਸਕੀਮ ਤਹਿਤ ਜਿਲੇ ਦੇ ਕੁੱਲ 84746 ਸਮਾਰਟ ਰਾਸ਼ਨ ਕਾਰਡ ਧਾਰਕਾਂ ਵਿੱਚੋਂ 69231 ਪਰਿਵਾਰਾਂ ਨੂੰ ਮੁਫਤ ਰਾਸ਼ਨ ਦੀ ਵੰਡ ਕਰ ਦਿੱਤੀ ਗਈ ਸੀ ਅਤੇ ਇਸੇ ਕੜੀ ਤਹਿਤ ਬਾਕੀ ਬਚਦੇ 15515 ਪਰਿਵਾਰਾਂ ਨੂੰ ਅੱਜ ਰਾਸ਼ਨ ਦੀ ਵੰਡ ਕੀਤੀ ਜਾ ਰਹੀ ਹੈ।ਇਹ ਜਾਣਕਾਰੀ ਜਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਜ਼ਸਪ੍ਰੀਤ ਸਿੰਘ ਕਾਹਲੋ ਨੇ ਦਿੱਤੀ।

ਉਨ੍ਹਾਂ ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੁਰਾਕ ਅਤੇ ਸਪਲਾਈ ਵਿਭਾਗ ਵੱਲੋਂ ਕੈਬਨਿਟ ਮੰਤਰੀ ਸ਼੍ਰੀ ਭਾਰਤ ਭੂਸ਼ਣ ਆਸ਼ੂ ਦੀ ਅਗਵਾਈ ਵਿੱਚ ਕੋਵਿਡ-19 ਮਹਾਂਮਾਰੀ ਦੌਰਾਨ ਦੂਸਰੇ ਵਿਭਾਗਾਂ ਦੀ ਤਰਾਂ ਮੋਹਰੀ ਹੋ ਕੇ ਦਿਨ ਰਾਤ ਕੰਮ ਕੀਤਾ ਜਾ ਰਿਹਾ ਹੈ। ਇਸੇ ਤਹਿਤ ਅੱਜ 440 ਕੁਇੰਟਲ ਵਿਚੋਂ 415 ਕੁਇੰਟਲ ਕਣਕ ਦੀ ਵੰਡ ਅੱਜ ਪੰਜਾਬ ਸਰਕਾਰ ਵੱਲੋਂ ਲੋੜਵੰਦਾਂ ਅਤੇ ਪ੍ਰਵਾਸੀ ਮਜਦੂਰਾਂ ਵਿੱਚ ਪਿੰਡ ਰਾਮੇਆਣਾ ਜੈਤੋ ਵਿਖੇ ਕੀਤੀ ਗਈ ਅਤੇ ਇਹ ਕੰਮ ਕਰਨ ਲਈ ਵਿਭਾਗੀ ਅਧਿਕਾਰੀ/ਕਰਮਚਾਰੀ ਦਿਨ ਰਾਤ ਤਨਦੇਹੀ ਨਾਲ ਡਿਊਟੀ ਨਿਭਾ ਰਹੇ ਹਨ ਅਤੇ ਇਹ ਕੰਮ ਲਗਾਤਾਰ ਜਾਰੀ ਹੈ।

ਸ੍ਰੀ ਜਸਪ੍ਰੀਤ ਸਿੰਘ ਕਾਹਲੋ ਨੇ ਦੱਸਿਆ ਕਿ ਲੋੜਵੰਦਾਂ ਤੱਕ ਅਨਾਜ ਦੀ ਪਹੁੰਚ ਯਕੀਨੀ ਬਣਾਉਣ ਲਈ ਵਿਸ਼ੇਸ਼ ਟੀਮਾਂ ਬਣਾ ਕੇ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ। ਚੈਕਿੰਗ ਦੌਰਾਨ ਊਣਤਾਈਆਂ/ਖਾਮੀਆਂ ਪਾਏ ਜਾਣ ਤੇ ਜਿਲਾ ਪ੍ਰਸ਼ਾਸਨ ਦੀਆਂ ਹਦਾਇਤਾਂ ਅਨੁਸਾਰ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

Dispatch No. I/28110/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਉਰੋ ਵੱਲੋਂ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦਿਵਾਉਣ ਲਈ ਉਪਰਾਲੇ ਸ਼ੁਰੂ

ਬੇਰੁਜ਼ਗਾਰ ਆਪਣੇ ਆਪ ਨੂੰ ਵਿਭਾਗ ਦੀ ਸਾਈਟ ਤੇ ਰਜਿ: ਕਰਨ

ਹੋਰ ਮਦਦ ਲਈ ਹੈਲਪ ਲਾਈਨ ਨੰ: 9988350193 ਤੇ ਸੰਪਰਕ ਕੀਤਾ ਜਾ ਸਕਦਾ ਹੈ

ਫਰੀਦਕੋਟ 27 ਮਈ ( )          ਪੰਜਾਬ ਸਰਕਾਰ ਵਲੋਂ ਕੋਵਿਡ-19 ਮਹਾਂਮਾਰੀ ਦੇ ਬਚਾਅ ਲਈ ਕੀਤੀ ਤਾਲਾਬੰਦੀ ’ਚ ਦਿੱਤੀ ਜਾ ਰਹੀ ਢਿੱਲ ਤੋਂ ਬਾਅਦ ਜ਼ਿਲ੍ਹੇ ਅੰਦਰ ਫੈਕਟਰੀਆਂ/ਕਾਰਖਾਨੇ ਅਤੇ ਹੋਰ ਕੰਮਕਾਜ ਵਾਲੀਆਂ ਸੰਸਥਾਵਾਂ ਨੂੰ ਚਲਾਉਣ ਲਈ ਇਜ਼ਾਜ਼ਤ ਦਿੱਤੀ ਗਈ ਹੈ। ਸਕੱਤਰ ਰੋਜ਼ਗਾਰ ਜਨਰੇਸ਼ਨ ਟ੍ਰੇਨਿੰਗ ਵਿਭਾਗ ਸ੍ਰੀ ਰਾਹੁਲ ਤਿਵਾੜੀ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਿਸ਼ਨ ਘਰ-ਘਰ ਰੋਜ਼ਗਾਰ ਤਹਿਤ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਫਰੀਦਕੋਟ ਵਲੋਂ ਪੜ੍ਹੇ-ਲਿਖੇ ਬੇਰੁਜ਼ਗਾਰ ਨੌਜਵਾਨਾਂ ਅਤੇ ਕਿਰਤੀਆਂ/ਮਜ਼ਦੂਰਾਂ ਨੂੰ ਰੋਜ਼ਗਾਰ ਦਿਵਾਉਂਣ ਲਈ ਦੇ ਉਪਰਾਲੇ ਸ਼ੁਰੂ ਕਰ ਦਿੱਤੇ ਗਏ ਹਨ।

ਇਸ ਸਬੰਧੀ ਵਧੀਕ ਡਿਪਟੀ ਕਮਿਸ਼ਨਰ(ਵਿ)-ਕਮ-ਸੀ.ਈ.ਓ. ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਫਰੀਦਕੋਟ ਸ੍ਰੀ ਪ੍ਰੀਤ ਮਹਿੰਦਰ ਸਿੰਘ ਸਹੋਤਾ ਨੇ ਅੱਜ ਮਿਤੀ ਹੋਈ ਮੀਟਿੰਗ ਦੌਰਾਨ ਵੱਖ-ਵੱਖ ਵਿਭਾਗਾ ਦੇ ਅਧਿਕਾਰੀਆਂ ਨੂੰ ਦੱਸਿਆ ਕਿ ਰੋਜ਼ਗਾਰ ਵਿਭਾਗ ਵਲੋਂ ਫੈਕਟਰੀਆਂ/ਖੇਤੀਬਾੜੀ ਤੇ ਉਸਾਰੀ ਦੇ ਕੰਮਾਂ ਤੇ ਰੋਜ਼ਗਾਰ ਦੀ ਭਾਲ ’ਚ ਲੱਗੇ ਕਿਰਤੀਆਂ/ਮਜ਼ਦੂਰਾਂ ਲਈ ਰੋਜ਼ਗਾਰ ਦਫ਼ਤਰ ਫਰੀਦਕੋਟ ਵਲੋਂ https://docs.google.com/forms/d/1SojNxPOwEczXOimVwoaGMOgyD9Wd1VxNOxpSEossVyA/viewform?edit_requested= ਲਿੰਕ ਤਿਆਰ ਕੀਤਾ ਗਿਆ ਹੈ, ਜਿਸ ਤੇ ਉਹ ਆਪਣੇ ਆਪ ਨੂੰ ਦਰਜ਼ (ਰਜਿ:) ਕਰ ਸਕਦੇ ਹਨ ਤਾਂ ਜੋ ਉਨ੍ਹਾਂ ਨੂੰ ਉਨ੍ਹਾਂ ਦੀ ਜਰੂਰਤ ਅਨੁਸਾਰ ਕੰਮ ਮੁਹੱਈਆ ਕਰਵਾਇਆ ਜਾ ਸਕੇ।

ਇਸੇ ਤਰ੍ਹਾਂ ਕਿਸਾਨਾਂ/ਫੈਕਟਰੀ ਦੇ ਮਾਲਕਾਂ, ਉਸਾਰੀ ਦੇ ਕੰਮ ਨਾਂਲ ਸਬੰਧਿਤ ਠੇਕੇਦਾਰਾਂ ਤੇ ਕਿਸੇ ਕੰਮ ਜਿਸ ਲਈ ਕਿਰਤੀਆਂ ਦੀ ਲੋੜ ਹੈ ਉਹ ਇਸ https://docs.google.com/forms/d/1mcEjQVKoaDWyuY1PpCtgCraXh7GkUYbQ7sKiR96PIds/viewform?edit_requested=true ਲਿੰਕ ’ਤੇ ਦਰਜ ਕਰ ਸਕਦੇ ਹਨ, ਜਦ ਕਿ ਬੇਰੁਜ਼ਗਾਰ, ਸਕਿੱਲਡ ਤੇ ਸੈਮੀ ਸਕਿਲਡ ਨੌਜਵਾਨ ਵਿਭਾਗ ਦੀ ਵੈੱਬਸਾਈਟ ਮਮਮ ।ਬਪਗਾਠ ।ਫਰਠ ’ਤੇ ਦਰਜ ਕਰਨ ਤਾਂ ਜੋ ਉਨ੍ਹਾਂ ਦੀ ਯੋਗਤਾ ਅਨੁਸਾਰ ਰੁਜ਼ਗਾਰ ਦਿਵਾਇਆ ਜਾ ਸਕੇ। ਇਸੇ ਤਰ੍ਹਾਂ ਜਿਹੜੇ ਨੌਜਵਾਨ ਆਪਣਾ ਸਵੈ ਰੋਜ਼ਗਾਰ ਕਰਨਾ ਚਾਹੁੰਦੇ ਹਨ ਤੇ ਸਰਕਾਰਵਲੋਂ ਵਿੱਤੀ ਮਦਦ/ਕਰਜ਼ਾ ਲੈਣ ਦੇ ਚਾਹਵਾਨ ਹਨ, ਉਹ https://docs.google.com/forms/d/e/1FAIpQLSdLO4hy_mHByNYjUlKk2tLFmKnZEY1Tasw9FnmXEVKozmKS_g/viewform?vc=0&c=0&w=ਲਿੰਕ ਤੇ ਦਰਜ ਕਰਨ।

ਜਿਲ੍ਹਾ ਰੋਜ਼ਗਾਰ ਜਨਰੇਸ਼ਨ ਅਤੇ ਟ੍ਰੇਨਿੰਗ ਅਫ਼ਸਰ, ਫਰੀਦਕੋਟ ਸ਼੍ਰੀਮਤੀ ਪਰਮਿੰਦਰ ਕੌਰ ਨੇ ਦੱਸਿਆ ਕਿ ਜਿਲ੍ਹਾ ਰੋਜ਼ਗਾਰ ਦਫ਼ਤਰ ਵਲੋਂ ਬੇਰੁਜ਼ਗਾਰ ਪ੍ਰਾਰਥੀਆਂ ਦੀ ਮਦਦ ਲਈ ਹੈਲਪ ਲਾਈਨ ਨੰਬਰ 9988350193 ਅਤੇ ਈਮੇਲ dbeefdkhelpline@gmail.com ਜਾਰੀ ਕੀਤਾ ਗਿਆ ਹੈ ਜੋ ਵੀ ਪ੍ਰਾਰਥੀ ਕੋਈ ਜਾਣਕਾਰੀ ਲੈਣਾ ਚਾਹੁੰਦੇ ਹਨ ਤਾਂ ਉਹ ਇਸ ਨੰਬਰ ਅਤੇ ਈਮੇਲ ਤੇ ਕੰਮ ਵਾਲੇ ਦਿਨ ਦਫ਼ਤਰੀ ਸਮੇਂ ਵਿੱਚ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਸੰਪਰਕ ਕਰ ਸਕਦੇ ਹਨ।

Dispatch No. I/28147/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਕੋਰੋਨਾ ਪਾਜ਼ੇਟਿਵ ਦੇ ਸੰਪਰਕ 'ਚ ਆਏ ਵਿਅਕਤੀਆਂ ਦੇ ਲਏ ਜਾ ਰਹੇ ਹਨ ਸੈਂਪਲ

ਲੈਬ ਤੋਂ ਪ੍ਰਾਪਤ ਹੋਈਆਂ 131 ਰਿਪੋਰਟਾਂ ਨੈਗੇਟਿਵ

ਲੋਕਾਂ ਨੂੰ ਸਮਾਜਿਕ ਦੂਰੀ ਬਣਾਈ ਰੱਖਣ, ਮਾਸਕ ਪਾਉਣ ਦੀ ਅਪੀਲ

ਫਰੀਦਕੋਟ 27 ਮਈ ( ) ਡਿਪਟੀ ਕਮਿਸ਼ਨਰ ਫਰੀਦਕੋਟ ਕੁਮਾਰ ਸੌਰਭ ਰਾਜ ਆਈ.ਏ.ਐਸ ਦੀ ਯੋਗ ਅਗਵਾਈ ਹੇਠ ਸਿਵਲ ਸਰਜਨ,ਫਰੀਦਕੋਟ ਡਾ.ਰਜਿੰਦਰ ਕੁਮਾਰ ਅਤੇ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਅਤੇ ਅਧਿਕਾਰੀਆਂ ਦੀਆਂ ਟੀਮਾਂ ਕਰੋਨਾ ਮਹਾਂਮਾਰੀ ਦੀ ਰੋਕਥਾਮ ਤਨਦੇਹੀ ਨਾਲ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾਅ ਰਹੀਆਂ ਹਨ।ਸਿਵਲ ਸਰਜਨ ਡਾ.ਰਜਿੰਦਰ ਨੇ ਦੱਸਿਆ ਕਿ ਕੋਵਿਡ-19 ਦੀਆਂ ਅੱਜ ਤੱਕ 4203 ਸੈਂਪਲ ਲੈਬ ਵਿੱਚ ਭੇਜੇ ਜਾ ਚੁੱਕੇ ਹਨ। ਜਿੰਨਾਂ ਵਿੱਚੋਂ 3 ਸੈਂਪਲਾਂ ਦੇ ਨਤੀਜੇ ਆਉਣੇ ਬਾਕੀ ਹਨ। ਪ੍ਰਾਪਤ ਨਤੀਜਿਆਂ ਵਿਚ 4053 ਰਿਪੋਰਟਾਂ ਨੈਗੇਟਿਵ ਆਈਆਂ ਹਨ।ਜ਼ਿਲੇ ਅੰਦਰ ਆਏ 60 ਕੋਰੋਨਾ ਪਾਜ਼ੇਟਿਵ ਨੂੰ ਤੰਦਰੁਸਤ ਹੋਣ ਤੇ ਸਥਾਨਕ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਤੋਂ ਛੁੱਟੀ ਮਿਲ ਚੁੱਕੀ ਹੈ ਗੁੜਗਾਓਂ ਤੋਂ ਫਰੀਦਕੋਟ ਆਇਆ 22 ਸਾਲਾਂ ਨੌਜਵਾਨ ਜੋ ਪਿੰਡ ਸੇਢਾ ਸਿੰਘ ਵਾਲਾ ਦਾ ਹੈ ਦੀ ਰਿਪੋਰਟ ਕੋਰੋਨਾ ਪਾਜ਼ੇਟਿਵ ਆਈ ਹੈ ਉਸ ਦੇ ਕਰੀਬੀ ਲੱਗਭਗ 48 ਵਿਅਕਤੀਆਂ ਦੇ ਸੈਂਪਲ ਸਿਹਤ ਵਿਭਾਗ ਵੱਲੋਂ ਇਕੱਤਰ ਕੀਤੇ ਜਾ ਰਹੇ ਹਨ।ਪਾਜੇਟਿਵ ਆਏ ਮਰੀਜ਼ ਨੂੰ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਦੀ ਆਈਸੋਲੇਸ਼ਨ ਵਾਰਡ ਵਿੱਚ ਦਾਖਲ ਕਰਵਾ ਦਿੱਤਾ ਗਿਆ ਹੈ।ਹੁਣ ਸਿਰਫ ਫਰੀਦਕੋਟ ਦਾ 1 ਐਕਟਿਵ ਕੇਸ ਹੈ ਜੋ ਜੇਰੇ ਇਲਾਜ ਹੈ।ਉਨਾਂ ਕਿਹਾ ਵਿਭਾਗ ਵੱਲੋਂ ਜ਼ਿਲੇ ਦੀਆਂ ਵੱਖ-ਵੱਖ ਸਿਹਤ ਸੰਸਥਾਵਾ ਵਿਖੇ ਸਤਾਪਿਤ ਫਲੂ ਕਾਰਨਰ ਵਿਖੇ ਸੈਂਪਲ ਇਕੱਤਰ ਕਰਕੇ ਲੈਬ ਨੂੰ ਜਾਂਚ ਲਈ ਭੇਜੇ ਜਾ ਰਹੇ ਹਨ।

ਕੋਵਿਡ-19 ਦੇ ਜ਼ਿਲਾ ਨੋਡਲ ਅਫਸਰ ਡਾ.ਮਨਜੀਤ ਕ੍ਰਿਸ਼ਨ ਭੱਲਾ ਨੇ ਕਿਹਾ ਕਿ ਸਾਨੂੰ ਅਫਵਾਹਾਂ ਤੋਂ ਬਚਣਾ ਚਾਹੀਦਾ ਹੈ, ਫਰੀਦਕੋਟ ਜ਼ਿਲੇ ਅੰਦਰ ਹੁਣ ਕੋਰੋਨਾ ਦੀ ਸਥਿਤੀ ਕਾਬੂ ਵਿੱਚ ਹੈ ਪਰ ਫੇਰ ਵੀ ਇਸ ਸਥਿਤੀ ਨੂੰ ਬਰਕਰਾਰ ਰੱਖਣ ਲਈ ਸਾਨੂੰ ਸਾਰਿਆਂ ਨੂੰ ਸਮਾਜਿਕ ਦੂਰੀ ਬਣਾ ਕੇ ਰੱਖਣੀ ਚਾਹੀਦੀ ਹੈ,ਹੱਥ ਵਾਰ-ਵਾਰ ਧੋਣੇ ਚਾਹੀਦੇ ਹਨ ਅਤੇ ਮਾਸਕ ਜਾਂ ਕੱਪੜੇ ਨਾਲ ਮੂੰਹ ਢੱਕ ਹੀ ਬਾਹਰ ਨਿਕਲਣਾ ਚਾਹੀਦਾ ਹੈ।ਉਨਾਂ ਕੋਰੋਨਾ ਤੋਂ ਬਚਾਅ ਸਬੰਧੀ ਸਰਕਾਰ ਦੁਆਰਾ ਜਾਰੀ ਅਡਵਾਇਜ਼ਰੀਆਂ ਸਬੰਧੀ ਜਾਗਰੂਕਤਾ ਜਾਰੀ ਰੱਖਣ ਲਈ ਲਈ ਮਾਸ ਮੀਡੀਆ ਇੰਚਾਰਜ ਡਾ.ਪ੍ਰਭਦੀਪ ਸਿੰਘ ਚਾਵਲਾ ਨੂੰ ਫੀਲਡ ਸਟਾਫ ਅਤੇ ਪੰਚਾਇਤਾਂ ਨਾਲ ਤਾਲਮੇਲ ਬਨਾਉਣ ਦੀ ਹਦਾਇਤ ਕੀਤੀ ਤਾਂ ਜੋ ਸਰਵੇ,ਟੀਕਾਕਰਨ ਅਤੇ ਜੱਚਾ-ਬੱਚਾ ਸਿਹਤ ਸੇਵਾਵਾਂ ਪ੍ਰਦਾਨ ਕਰਨ ਮੌਕੇ ਕੋਰੋਨਾ ਤੋਂ ਬਚਾਅ ਸਬੰਧੀ ਜਾਣਕਾਰੀ ਦਿੱਤੀ ਜਾ ਸਕੇ। ਉਨਾਂ ਵਿਭਾਗ ਦੇ ਮੈਡੀਕਲ,ਪੈਰਾ-ਮੈਡੀਕਲ,ਰੂਰਲ ਮੈਡੀਕਲ ਅਫਸਰ, ਫਾਰਮਾਸਿਸਟਾਂ ਅਤੇ ਆਸ਼ਾ ਵਰਕਰਾਂ ਨੂੰ ਜੋ ਇਸ ਮਹਾਂਮਾਰੀ ਦੌਰਾਨ ਸ਼ਾਨਦਾਰ ਸੇਵਾਵਾਂ ਦੇ ਰਹੇ ਹਨ ਦੀ ਹੌਂਸਲਾ ਅਫਜਾਈ ਕੀਤੀ ਅਤੇ ਸਾਵਧਾਨੀਆਂ ਵਰਤਣ ਲਈ ਪ੍ਰੇਰਿਤ ਵੀ ਕੀਤਾ।ਜ਼ਿਲਾ ਐਪੇਡਿਮੋਲੋਜਿਸਟ ਡਾ.ਵਿਕਰਮਜੀਤ ਸਿੰਘ ਅਤੇ ਡਾ.ਅਨੀਤਾ ਚੌਹਾਨ ਨੇ ਘਰ ਇਕਾਂਤਵਾਸ ਵਿੱਚ ਰਹਿ ਰਹੇ ਸਾਰੇ ਵਿਅਕਤੀਆਂ ਨੂੰ ਕੋਵਾ ਐਪ ਡਾਊਨਲੋਡ ਕਰਨ ਦੀ ਹਾਦਾਇਤ ਕੀਤੀ ਤਾਂ ਜੋ ਉਹ ਰੋਜਾਨਾਂ ਆਪਣੀ ਸਰੀਰਕ ਸਥਿਤੀ ਐਪ ਰਾਂਹੀ ਸਾਂਝੀ ਕਰ ਸਕਣ ਅਤੇ ਕੋਰੋਨਾ ਤੋਂ ਬਚਾਅ ਸਬੰਧੀ ਜਾਣਕਾਰੀ ਵੀ ਪ੍ਰਾਪਤ ਕਰ ਸਕਣ।